# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 06-11-2025**

ਭਾਰਤ ਨੇ ਦਹਿਸ਼ਤਗਰਦੀ ਦੇ ਸਾਰੇ ਰੂਪਾਂ ਦੀ ਨਿਖੇਧੀ ਕਰਨ ਲਈ ਲਾਤਵੀਆ ਦੀ ਸ਼ਲਾਘਾ ਕੀਤੀ ਏ , ਅਤੇ 2026-2027 ਲਈ ਸੰਯੁਕਤ ਰਾਸ਼ਟਰ ਸੁਰੱਖਿਆ ਕੌਂਸਲ ਵਿੱਚ ਲਾਤਵੀਆ ਦੇ ਸਫਲ ਕਾਰਜਕਾਲ ਲਈ ਆਪਣੀ ਹਮਾਇਤ ਦੁਹਰਾਈ ਏ. ਪਛਮ ਬਾਰੇ ਵਿਦੇਸ਼ ਸਕੱਤਰ ਸਿਬੀ ਜਾਰਜ ਨੇ ਇਸ ਬਾਲਟਿਕ ਰਾਸ਼ਟਰ ਦੀ ਰਾਜਧਾਨੀ ਰੀਗਾ ਵਿੱਚ ਹੋਏ, 9ਵੇਂ ਭਾਰਤ-ਲਾਤਵੀਆ ਵਿਦੇਸ਼ ਦਫ਼ਤਰ ਸਲਾਹ-ਮਸ਼ਵਰੇ (FOC) ਦੌਰਾਨ ਇਹ ਗੱਲ ਕਹੀ। ਲਾਤਵੀਆ ਪੱਖ ਦੀ ਅਗਵਾਈ ਲਾਤਵੀਆ ਦੇ ਵਿਦੇਸ਼ ਮੰਤਰਾਲੇ ‘ਚ ਸਕੱਤਰ, ਐਂਡਜੇਜ ਵਿਲਮਸਨ ਨੇ ਕੀਤੀ। ਮੀਟਿੰਗ ਦੌਰਾਨ, ਦੁਵੱਲੇ ਸਬੰਧਾਂ ਦੇ ਸਾਰੇ ਪਹਿਲੂਆਂ ਦੀ ਸਮੀਖਿਆ ਕੀਤੀ ਗਈ।

--------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਰਤ ਦੀਆਂ ਮੋਹਰੀ ਸਹਿਕਾਰੀ ਸੰਸਥਾਵਾਂ,ਅਮੂਲ ਨੂੰ ਵਿਸ਼ਵ ਸਹਿਕਾਰੀ ਦਰਜਾਬੰਦੀ ਵਿੱਚ ਪਹਿਲਾ

ਸਥਾਨ ਪ੍ਰਾਪਤ ਕਰਨ ਅਤੇ ਇਫਕੋ ਨੂੰ ਦੂਜਾ ਸਥਾਨ ਪ੍ਰਾਪਤ ਕਰਨ ਲਈ ਵਧਾਈ ਦਿੱਤੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਦਾ ਸਹਿਕਾਰੀ ਖੇਤਰ ਬਹੁਤ ਸਾਰੇ ਲੋਕਾਂ ਦੇ ਜੀਵਨ ਨੂੰ ਬਦਲ ਰਿਹਾ ਏ । ਉਨ੍ਹਾਂ ਕਿਹਾ ਕਿ ਸਰਕਾਰ, ਆਉਣ ਵਾਲੇ ਸਮੇਂ ਵਿੱਚ ਇਸ ਖੇਤਰ ਨੂੰ ਹੋਰ ਉਤਸ਼ਾਹਿਤ ਕਰਨ ਲਈ ਕਈ ਕਦਮ ਚੁੱਕ ਰਹੀ ਏ।

---------------------------------------------------------------------------

ਅਮਲਾ, ਜਨਤਕ ਸ਼ਿਕਾਇਤਾਂ ਅਤੇ ਪੈਨਸ਼ਨ ਮੰਤਰਾਲੇ ਦੇ ਪੈਨਸ਼ਨ ਅਤੇ ਪੈਨਸ਼ਨਰਜ਼ ਭਲਾਈ ਵਿਭਾਗ, ਵਲੋਂ ਪਹਿਲੀ ਤੋਂ 30 ਨਵੰਬਰ ਤੱਕ ਦੇਸ਼-ਵਿਆਪੀ ਡਿਜੀਟਲ ਲਾਈਫ ਸਰਟੀਫਿਕੇਟ ਮੁਹਿੰਮ ਦਾ ਚੌਥਾ ਗੇੜ ਸ਼ੁਰੂ ਕੀਤਾ ਗਿਆ ਏ । ਇਹ ਮੁਹਿੰਮ ਪੈਨਸ਼ਨਰਾਂ ਦੇ ਡਿਜੀਟਲ ਸਸ਼ਕਤੀਕਰਨ ਸਬੰਧੀ ਸਰਕਾਰ ਦੇ ਦ੍ਰਿਸ਼ਟੀਕੋਣ ਦੇ ਤਹਿਤ ਇੱਕ ਮਹੱਤਵਪੂਰਨ ਪਹਿਲਕਦਮੀ ਏ ਜੋ ਕਿ 'ਡਿਜੀਟਲ ਇੰਡੀਆ ਅਤੇ ਇਜ਼ ਆਫ਼ ਲਿਵਿੰਗ ਮਿਸ਼ਨ' ਨਾਲ ਸਬੰਧਤ ਏ। ਦੇਸ਼ ਵਿਆਪੀ ਮੁਹਿੰਮ ਤਹਿਤ, ਪੈਨਸ਼ਨ ਅਤੇ ਪੈਨਸ਼ਨਰਜ਼ ਭਲਾਈ ਵਿਭਾਗ ਦੇ ਅੰਡਰ ਸੈਕਟਰੀ ਨਗੇਂਦਰ ਕੁਮਾਰ 7 ਨਵੰਬਰ ਨੂੰ ਅੰਮ੍ਰਿਤਸਰ ਸ਼ਹਿਰ ਦਾ ਦੌਰਾ ਕਰਨਗੇ । ਸ੍ਰੀ ਨਗੇਂਦਰ ਪ੍ਰਬੰਧਾਂ ਅਤੇ ਹੋਰ ਸੇਵਾਵਾਂ ਦਾ ਨਿਰੀਖਣ ਕਰਨਗੇ । ਡੀ.ਐੱਲ.ਸੀ ਮੁਹਿੰਮ ਆਧਾਰ-ਅਧਾਰਤ ਚਿਹਰੇ ਦੀ ਪ੍ਰਮਾਣਿਕਤਾ ਤਕਨਾਲੋਜੀ ਦੀ ਵਰਤੋਂ 'ਤੇ ਜ਼ੋਰ ਦੇਵੇਗੀ, ਬਾਇਓਮੈਟ੍ਰਿਕ ਉਪਕਰਨਾਂ 'ਤੇ ਨਿਰਭਰ ਹੋਣ

ਦੀ ਜ਼ਰੂਰਤ ਨੂੰ ਖਤਮ ਕਰੇਗੀ ਅਤੇ ਪੈਨਸ਼ਨਰਾਂ ਨੂੰ ਆਪਣੇ ਸਮਾਰਟਫੋਨ ਦੀ ਵਰਤੋਂ ਕਰਕੇ ਘਰ ਬੈਠੇ ਆਪਣੇ ਜੀਵਨ ਸਰਟੀਫਿਕੇਟ ਆਸਾਨੀ ਨਾਲ ਜਮ੍ਹਾਂ ਕਰਾਉਣ ਦੇ ਯੋਗ ਬਣਾਏਗੀ । ਡੀ.ਐੱਲ.ਸੀ ਸੇਵਾ ਰਾਹੀਂ ਬਹੁਤ ਬਜ਼ੁਰਗ ਅਤੇ ਦਿਵੀਆਂਗ ਪੈਨਸ਼ਨਰਾਂ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ । ਇਸੇ ਮੁਹਿੰਮ ਤਹਿਤ, ਵਿਭਾਗ ਵੱਲੋਂ ਅੱਜ ਲੁਧਿਆਣਾ ਦੇ ਜ਼ਿਲ੍ਹਾ ਕੋਰਟ ਕੰਪਲੈਕਸ 'ਚ ਬਚਤ ਭਵਨ ਵਿਖੇ ਇੱਕ ਕੈਂਪ ਦਾ ਆਯੋਜਨ ਕੀਤਾ ਗਿਆ।

--------------------------------------------------------------------------------

ਤਰਨ ਤਾਰਨ ਵਿਧਾਨ ਸਭ ਹਲਕੇ ਦੀ ਜ਼ਿਮਨੀ ਚੋਣ ਲਈ ਚੋਣ ਕਮਿਸ਼ਨ ਵੱਲੋਂ ਨਿਯੁਕਤ ਕੀਤੇ ਗਏ ਜਨਰਲ ਅਬਜ਼ਰਵਰ ਪੁਸ਼ਪਾ ਸਤਿਆਨੀ ਸਮੇਤ ਹੋਰਨਾਂ ਅਧਿਕਾਰੀਆਂ ਨੇ ਕੱਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਟੀਮਾਂ ਦੇ ਨੋਡਲ ਅਫਸਰਾਂ ਨਾਲ ਮੀਟਿੰਗ ਕੀਤੀ । ਮੀਟਿੰਗ ਦੌਰਾਨ ਜ਼ਿਲ੍ਹਾ ਚੋਣ ਅਧਿਕਾਰੀ ਰਾਹੁਲ ਨੇ ਚੋਣ ਸਬੰਧੀ ਕੀਤੇ ਪ੍ਰਬੰਧਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਤਰਨ ਤਾਰਨ ਵਿਧਾਨ ਸਭਾ ਹਲਕੇ ਵਿੱਚ ਵੋਟਰਾਂ ਦੀ ਕੁੱਲ ਗਿਣਤੀ 1 ਲਖ 92 ਹਜ਼ਾਰ 838 ਏ। ਇਸ ਵਿੱਚ 1 ਲਖ 933 ਮਰਦ ਵੋਟਰ, 91 ਹਜ਼ਾਰ 897 ਮਹਿਲਾ ਵੋਟਰ ਅਤੇ 8 ਟ੍ਰਾਂਸਜੈਂਡਰ ਵੋਟਰ ਸ਼ਾਮਲ ਨੇ। ਇਸ ਤੋਂ ਇਲਾਵਾ ਕੁੱਲ 1,357 ਸਰਵਿਸ ਵੋਟਰ

ਜਦਕਿ 85 ਸਾਲ ਦੀ ਉਮਰ ਤੋਂ ਵੱਧ ਵਾਲੇ ਕੁੱਲ ਵੋਟਰਾਂ ਦੀ ਗਿਣਤੀ 1,657 ਏ । ਉੱਥੇ ਹੀ ਕੁੱਲ ਐਨ.ਆਰ.ਆਈ ਵੋਟਰ 306 ਅਤੇ ਦਿਵਿਆਂਗ ਵੋਟਰਾਂ ਦੀ ਕੁੱਲ ਗਿਣਤੀ 1,488 ਏ । ਉਨ੍ਹਾਂ ਦੱਸਿਆ ਕਿ 114 ਪੋਲਿੰਗ ਸਟੇਸ਼ਨ ਸਥਾਨਾਂ `ਤੇ ਪੋਲਿੰਗ ਸਟੇਸ਼ਨਾਂ ਦੀ ਗਿਣਤੀ 222 ਏ । ਉਨ੍ਹਾਂ ਦੱਸਿਆ ਕਿ 11 ਨਵੰਬਰ ਨੂੰ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਵੋਟਾਂ ਪੈਣਗੀਆਂ। ਜ਼ਿਲ੍ਹਾ ਚੋਣ ਅਧਿਕਾਰੀ ਨੇ ਕਿਹਾ ਕਿ ਵੋਟਾਂ ਲਈ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਨੇ । ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 9 ਫ਼ਲਾਇੰਗ ਸੁਕੈਅਡ ਟੀਮਾਂ, 9 ਸਟੇਟਿਕਸ ਸਰਵੀਲੈਂਸ ਟੀਮਾਂ ਬਣਾਈਆਂ ਗਈਆਂ ਨੇ । ਜ਼ਿਲ੍ਹੇ ਵਿੱਚ 6 ਅੰਤਰ ਜ਼ਿਲ੍ਹਾ ਨਾਕੇ ਲਗਾਏ ਗਏ ਨੇ । ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਅਰਧ ਸੈਨਿਕ ਬਲਾਂ ਦੀ 8 ਟੁੱਕੜੀਆਂ ਤਾਇਨਾਤ ਕੀਤੀਆਂ ਗਈਆਂ ਨੇ । ਜ਼ਿਲ੍ਹਾ ਚੋਣ ਅਧਿਕਾਰੀ ਨੇ ਕਿਹਾ ਕਿ ਪੋਲਿੰਗ ਬੂਥਾਂ, ਕਾਊਂਟਿੰਗ ਹਾਲ ਅਤੇ ਸਟਰਾਂਗ ਰੂਮ ਵਿੱਚ ਢੁਕਵੇਂ ਪ੍ਰਬੰਧ ਤੇ ਸੁਰੱਖਿਆ ਯਕੀਨੀ ਬਣਾਈ ਗਈ ਏ । ਇਸ ਤੋਂ ਇਲਾਵਾ ਪੋਲਿੰਗ ਬੂਥਾਂ `ਤੇ ਵੋਟਰਾਂ ਦੀ ਸਹੂਲਤ ਲਈ ਪੀਣ ਵਾਲੇ ਪਾਣੀ, ਵੇਟਿੰਗ ਏਰੀਆ, ਪਖਾਨਿਆਂ ਅਤੇ ਦਿਵਿਆਂਗ ਵੋਟਰਾਂ ਲਈ ਵ੍ਹੀਲ ਚੇਅਰਾਂ ਦੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਏ । ਉਨ੍ਹਾਂ ਕਿਹਾ ਕਿ ਸੀਸੀਟੀਵੀ ਕੈਮਰੇ ਲਗਾ ਕੇ 100 ਫ਼ੀਸਦੀ ਵੈੱਬ ਕਾਸਟਿੰਗ ਯਕੀਨੀ ਬਣਾਈ ਜਾਵੇਗੀ। ਇਸ ਦੇ ਨਾਲ ਹੀ ਉਨ੍ਹਾਂ ਸਮੂਹ ਸੈਕਟਰਾਂ ਅਫ਼ਸਰਾਂ ਨੂੰ

ਹਦਾਇਤ ਕੀਤੀ ਕਿ ਉਹ 7 ਨਵੰਬਰ ਤੱਕ ਹਲਕੇ ਦੇ ਸਾਰੇ ਪੋਲਿੰਗ ਬੂਥਾਂ ਦਾ ਨਿੱਜੀ ਤੌਰ `ਤੇ ਦੌਰਾ ਕਰ ਲੈਣ ਅਤੇ ਓਥੇ ਲੋੜੀਂਦੀਆਂ ਸਾਰੀਆਂ ਸਹੂਲਤਾਂ ਨੂੰ ਸਮਾਂ ਰਹਿੰਦੇ ਯਕੀਨੀ ਬਣਾ ਲੈਣ। ਉਨ੍ਹਾਂ ਕਿਹਾ ਕਿ ਚੋਣ ਜ਼ਾਬਤੇ ਦੀ ਉਲੰਘਣਾ ਦੀਆਂ ਸ਼ਿਕਾਇਤਾਂ ਲਈ ਜ਼ਿਲ੍ਹਾ ਪੱਧਰ `ਤੇ ਇੱਕ ਸ਼ਿਕਾਇਤ ਸੈੱਲ ਗਠਿਤ ਕੀਤਾ ਗਿਆ ਏ । ਇਸ ਤੋਂ ਇਲਾਵਾ ਸੀ-ਵਿਜ਼ਿਲ ਐਪ ਉੱਪਰ ਵੀ ਚੋਣ ਜ਼ਾਬਤੇ ਦੀ ਉਲੰਘਣਾਂ ਸਬੰਧੀ ਆ ਰਹੀਆਂ ਸ਼ਿਕਾਇਤਾਂ ਉੱਪਰ ਤੁਰੰਤ ਕਾਰਵਾਈ ਕੀਤੀ ਜਾ ਰਹੀ e।

--------------------------------------------------------------------

ਪੱਛਮੀ ਗੜਬੜੀ ਦੇ ਸਰਗਰਮ ਹੋਣ ਨਾਲ, ਹਿਮਾਚਲ ਪ੍ਰਦੇਸ਼ ਵਿੱਚ ਮੌਸਮ ਚ ਤਬਦੀਲੀ ਆਈ ਏ । ਇਸ ਤਬਦੀਲੀ ਕਾਰਨ, ਕਬਾਇਲੀ ਇਲਾਕਿਆਂ ਦੇ ਨਾਲ-ਨਾਲ ਸੂਬੇ ਦੇ ਹੋਰ ਹਿੱਸਿਆਂ ਵਿੱਚ ਠੰਢ ਵਧ ਗਈ ਏ. ਪਿਛਲੇ 24 ਘੰਟਿਆਂ ਵਿੱਚ, ਉੱਚੀਆਂ ਪਹਾੜੀ ਚੋਟੀਆਂ 'ਤੇ ਬਰਫ਼ਬਾਰੀ ਹੋਈ ਏ, ਜਦੋਂ ਕਿ ਕੁਝ ਇਲਾਕਿਆਂ ਵਿੱਚ ਹਲਕੀ ਬਾਰਿਸ਼ ਦਰਜ ਕੀਤੀ ਗਈ ਏ। ਇਸ ਕਾਰਨ ਇਧਰ ਪੰਜਾਬ ‘ਚ ਵੀ ਸਵੇਰ ਅਤੇ ਸ਼ਾਮ ਦੇ ਤਾਪਮਾਨ ‘ਚ ਗਿਰਾਵਟ ਦਰਜ ਕੀਤੀ ਗਈ ਏ ਤੇ ਹਲਕੀ ਠੰਡ ਮਹਿਸੂਸ ਕੀਤੀ ਜਾ ਰਹੀ ਏ।

--------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੱਲ੍ਹ ਲੋਕ ਕਲਿਆਣ ਮਾਰਗ ਸਥਿਤ

ਆਪਣੇ ਨਿਵਾਸ ਸਥਾਨ 'ਤੇ ਮਹਿਲਾ ਵਿਸ਼ਵ ਕੱਪ ਜੇਤੂ ਖਿਡਾਰੀਆਂ ਦੀ ਮੇਜ਼ਬਾਨੀ ਕੀਤੀ। ਸ਼੍ਰੀ ਮੋਦੀ ਨੇ ਮਹਿਲਾ ਕ੍ਰਿਕਟ ਟੀਮ ਨੂੰ ਉਨ੍ਹਾਂ ਦੀ ਜਿੱਤ 'ਤੇ ਵਧਾਈ ਦਿੱਤੀ ਅਤੇ ਟੂਰਨਾਮੈਂਟ ਵਿੱਚ ਉਨ੍ਹਾਂ ਦੀ ਪ੍ਰਭਾਵਸ਼ਾਲੀ ਵਾਪਸੀ ਦੀ ਸ਼ਲਾਘਾ ਕੀਤੀ। ਪ੍ਰਧਾਨ ਮੰਤਰੀ ਨੇ ਖਿਡਾਰੀਆਂ ਨੂੰ ਫਿੱਟ ਇੰਡੀਆ ਦਾ ਸੰਦੇਸ਼  ਖਾਸ ਕਰਕੇ ਦੇਸ਼ ਭਰ ਦੀਆਂ ਕੁੜੀਆਂ ਤੱਕ ਦੀਆਂ ਕੁੜੀਆਂ ਤੱਕ ਫੈਲਾਉਣ ਦੀ ਵੀ ਅਪੀਲ ਕੀਤੀ । ਸ਼੍ਰੀ ਮੋਦੀ ਨੇ ਮੋਟਾਪੇ ਦੀ ਵਧਦੀ ਸਮੱਸਿਆ 'ਤੇ ਚਰਚਾ ਕੀਤੀ ਅਤੇ ਫਿੱਟ ਰਹਿਣ ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਖਿਡਾਰੀਆਂ ਨੂੰ ਆਪਣੇ ਸਕੂਲਾਂ ਦਾ ਦੌਰਾ ਕਰਨ ਅਤੇ ਉੱਥੇ ਦੇ ਨੌਜਵਾਨਾਂ ਨੂੰ ਪ੍ਰੇਰਿਤ ਕਰਨ ਦੀ ਸਲਾਹ ਦਿੱਤੀ । ਇਸ ਦੌਰਾਨ ਖਿਡਾਰੀਆਂ ਨੇ ਪ੍ਰਧਾਨ ਮੰਤਰੀ ਨਾਲ ਆਪਣੇ ਤਜਰਬੇ ਸਾਂਝੇ ਕੀਤੇ ।